# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 09-09-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਹੜ੍ਹ ਪ੍ਰਭਾਵਿਤ ਪੰਜਾਬ ਦੇ ਹਿਮਾਚਲ ਪ੍ਰਦੇਸ਼ ਦੀ ਸਥਿਤੀ ਦਾ ਜਾਇਜ਼ਾ ਲੈਣ ਲਈ ਪੰਜਾਬ ਦੇ ਪਠਾਨਕੋਟ ਪਹੁੰਚੇ ਨੇ। ਪਠਾਨਕੋਟ ਵਿਖੇ ਪੰਜਾਬ ਦੇ ਰਾਜਪਾਲ, ਗੁਲਾਬ ਚੰਦ ਕਟਾਰੀਆ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਤੋਂ ਇਲਾਵਾ ਸੂਬੇ ਦੇ ਹੋਰ ਸੀਨੀਅਰ ਅਧਿਕਾਰੀਆਂ ਨੇ ਉਨ੍ਹਾਂ ਦਾ ਸਵਾਗਤ ਕੀਤਾ। ਸੂਤਰਾਂ ਅਨੁਸਾਰ, ਉਨ੍ਹਾਂ ਦੇ ਨਾਲ ਰੇਲਵੇ ਰਾਜ ਮੰਤਰੀ, ਰਵਨੀਤ ਸਿੰਘ ਬਿੱਟੂ ਵੀ ਨੇ। ਇਥੋਂ ਉਹ ਪਹਿਲਾਂ ਹਿਮਾਚਲ ਪ੍ਰਦੇਸ਼ ਦੇ ਕਾਂਗੜਾ ਵਿੱਚ ਧਰਮਸ਼ਾਲਾ ਜਾਣਗੇ ਅਤੇ ਫਿਰ ਪੰਜਾਬ ਦੇ ਉੱਚ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕਰਨਗੇ। ਉਨ੍ਹਾਂ ਦੇ ਕੁਝ ਹੜ੍ਹ ਪ੍ਰਭਾਵਿਤ ਪਰਿਵਾਰਾਂ ਨਾਲ ਵੀ ਮੁਲਾਕਾਤ ਕਰਨ ਦੀ ਸੰਭਾਵਨਾ ਏ। ਦੋਵਾਂ ਸੂਬਿਆਂ ਲਈ ਰਵਾਨਾ ਹੋਣ ਤੋਂ ਪਹਿਲਾਂ, ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਸਰਕਾਰ ਇਸ ਦੁਖਦਾਈ ਘੜੀ ਵਿੱਚ ਪ੍ਰਭਾਵਿਤ ਲੋਕਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਏ। ਹੜ੍ਹਾਂ ਨੇ 15 ਜ਼ਿਲ੍ਹਿਆਂ ਵਿੱਚ 3 ਲੱਖ 87 ਹਜ਼ਾਰ ਤੋਂ ਵੱਧ ਲੋਕਾਂ ਨੂੰ ਪ੍ਰਭਾਵਿਤ ਕੀਤਾ ਹੈ ਅਤੇ 1 ਲੱਖ 84 ਹਜ਼ਾਰ

ਹੈਕਟੇਅਰ ਫ਼ਸਲ ਨੁਕਸਾਨੀ ਗਈ ਏ। 23 ਹਜ਼ਾਰ ਤੋਂ ਵੱਧ ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢਿਆ ਗਿਆ ਏ ਜਦਕਿ 51 ਲੋਕਾਂ ਦੀਆਂ ਜਾਨਾਂ ਵੀ ਚਲੀਆਂ ਗਈਆਂ ਨੇ, ਜਿਨ੍ਹਾਂ ਵਿੱਚ ਸਭ ਤੋਂ ਵੱਧ ਅੰਮ੍ਰਿਤਸਰ, ਪਠਾਨਕੋਟ, ਹੁਸ਼ਿਆਰਪੁਰ ਅਤੇ ਬਰਨਾਲਾ ਤੋਂ ਨੇ ਜਿੱਥੇ ਰਾਹਤ ਅਤੇ ਬਚਾਅ ਕਾਰਜ ਤੇਜ਼ ਕੀਤੇ ਗਏ ਨੇ।

---------------------------------------------------------------------------

ਹੜ੍ਹਾਂ ਦੀ ਮਾਰ ਝੱਲ ਰਹੇ ਪੰਜਾਬ ਦੇ ਲੋਕਾਂ ਦੀ ਮਦਦ ਲਈ ਵੱਖ-ਵੱਖ ਸਮਾਜ ਸੇਵਕ ਜਥੇਬੰਦੀਆਂ, ਪੰਜਾਬੀ ਗਾਇਕਾਂ, ਫੌਜ ਦੇ ਜਵਾਨ ਅਤੇ ਸਰਕਾਰਾਂ ਵੱਲੋਂ ਸਿਹਤ ਸਹੂਲਤਾਂ ਦੇ ਮੱਦੇਨਜ਼ਰ ਕੈਂਪ ਲਾਏ ਜਾ ਰਹੇ ਨੇ। ਇਸੇ ਤਹਿਤ ਅੱਜ ਸਰਹੱਦੀ ਖੇਤਰ ਦੀਨਾਨਗਰ ਦੇ ਪਿੰਡ ਝਬਕਰਾ ਵਿਖੇ ਏਮਜ਼ ਦਿੱਲੀ ਦੀਆਂ ਟੀਮਾਂ ਵੱਲੋਂ ਕੈਂਪ ਲਾ ਕੇ ਲੋਕਾਂ ਦਾ ਚੈੱਕਅਪ ਕੀਤਾ ਗਿਆ ਅਤੇ ਲੋੜਵੰਦਾਂ ਨੂੰ ਮੁਫਤ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ। ਇਸ ਮੌਕੇ ਡਾਕਟਰ ਰਮਿੰਦਰ ਸਿੰਘ ਮੱਲੀ ਨੇ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ ਵੀ ਇਹ ਸੇਵਾ ਜਾਰੀ ਰਹੇਗੀ।

---------------------------------------------------------------------------

ਪੰਜਾਬ ਸਰਕਾਰ ਨੇ ਹੜ੍ਹਾਂ ਦੇ ਚਲਦਿਆਂ ਤੇ ਖਰਾਬ ਮੌਸਮ ਨੂੰ ਵੇਖਦਿਆਂ ਸੂਬੇ ਦੇ ਸਾਰੇ ਸਕੂਲਾਂ, ਕਾਲਜਾਂ ਤੇ ਯੂਨੀਵਰਸਿਟੀਆਂ ਵਿਚ ਛੁੱਟੀ ਕਰ

ਦਿੱਤੀ ਸੀ। ਸੂਬੇ ਦੇ ਜ਼ਿਆਦਾਤਰ ਜ਼ਿਲ੍ਹਿਆਂ ਵਿਚ ਸਿੱਖਿਆ ਸੰਸਥਾਵਾਂ ਅੱਜ ਤੋਂ ਆਮ ਵਾਂਗ ਸ਼ੁਰੂ ਹੋ ਗਈਆਂ ਨੇ। ਹੁਣ ਹਾਲਾਤ ਸੁਧਰਦੇ ਵੇਖ ਕੇ ਸਰਕਾਰ ਨੇ ਡਿਪਟੀ ਕਮਿਸ਼ਨਰਾਂ ਨੂੰ ਆਪਣੇ ਪੱਧਰ ਉੱਤੇ ਫੈਸਲੇ ਲੈਣ ਦੇ ਅਧਿਕਾਰ ਦਿੱਤੇ ਨੇ।

---------------------------------------------------------------------------

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਨੰਗਲ ਦੇ ਸਰਕਾਰੀ ਸੀਨੀ.ਸੈਕੰ.ਸਕੂਲ ਸਰਸਾ ਤੋਂ ਆਓ ਆਪਣੇ-ਆਪਣੇ ਪਿੰਡ ਦਾ ਸਰਕਾਰੀ ਸਕੂਲ ਸਾਫ ਕਰੀਏ ਮੁਹਿੰਮ ਦੀ ਸ਼ੁਰੂਆਤ ਕੀਤੀ ਏ ਅਤੇ ਇਸ ਮੁਹਿੰਮ ਵਿੱਚ ਹਰ ਕਿਸੇ ਨੂੰ ਵੱਧ ਤੋ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਏ। ਸਿੱਖਿਆ ਮੰਤਰੀ ਨੇ ਕਿਹਾ ਏ ਕਿ ਪਿਛਲੇ ਕਈ ਦਿਨਾਂ ਤੋ ਹੜ੍ਹਾਂ ਕਾਰਨ ਪੰਜਾਬ ਦੇ ਲਗਭਗ 20 ਹਜ਼ਾਰ ਸਰਕਾਰੀ ਸਕੂਲ ਬੰਦ ਕੀਤੇ ਹੋਏ ਸਨ। ਉਨਾਂ ਨੇ ਆਪਣੇ ਸਾਥੀ ਵਿਧਾਇਕਾਂ, ਪਿੰਡਾਂ ਦੇ ਪੰਚਾਂ, ਸਰਪੰਚਾਂ, ਯੂਥ ਕਲੱਬਾਂ, ਨੌਜਵਾਨਾਂ ਅਤੇ ਸਕੂਲ ਮੈਨੇਜਮੈਂਟ ਕਮੇਟੀ ਮੈਂਬਰਾਂ ਨੂੰ ਅਪੀਲ ਕੀਤੀ ਏ ਕਿ ਉਹ ਇਨਾਂ ਸਰਕਾਰੀ ਸਕੂਲਾਂ ਵਿਚ ਜਾ ਕੇ ਅਰੰਭ ਕੀਤੀ ਸਾਫ ਸਫਾਈ ਮੁਹਿੰਮ ਵਿੱਚ ਸਹਿਯੋਗ ਦੇਣ। ਉਨ੍ਹਾਂ ਇਹ ਵੀ ਅਪੀਲ ਕੀਤੀ ਸੀ ਕਿ ਜੇਕਰ ਕਿਤੇ ਕੋਈ ਇਮਾਰਤ ਅਸੁਰੱਖਿਅਤ ਜਾਪਦੀ ਹੋਵੇ ਤਾਂ ਉਸ

ਬਾਰੇ ਤੁਰੰਤ ਜਿਲੇ ਦੇ ਡਿਪਟੀ ਕਮਿਸ਼ਨਰ, ਐਸ.ਡੀ.ਐਮ ਜਾਂ ਇੰਜੀਨਿਅਰ ਵਿੰਗ ਨੂੰ ਸੂਚਿਤ ਕੀਤਾ ਜਾਵੇ ।

---------------------------------------------------------------------------

ਨਵੀਂ ਦਿੱਲੀ ਵਿੱਚ, ਸੰਸਦ ਭਵਨ ਵਿਖੇ ਉਪ ਰਾਸ਼ਟਰਪਤੀ ਦੀ ਚੋਣ ਲਈ ਵੋਟਿੰਗ ਪ੍ਰਕਿਰਿਆ ਜਾਰੀ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਭ ਤੋਂ ਪਹਿਲਾਂ ਆਪਣੀ ਵੋਟ ਪਾਈ। ਇਸ ਚੋਣ ਵਿੱਚ ਰਾਸ਼ਟਰੀ ਲੋਕਤੰਤਰੀ ਗਠਜੋੜ-NDA ਦੇ ਉਮੀਦਵਾਰ, ਸੀ.ਪੀ. ਰਾਧਾਕ੍ਰਿਸ਼ਨਨ ਦਾ INDIA Bloc ਦੇ ਉਮੀਦਵਾਰ,, ਬੀ. ਸੁਦਰਸ਼ਨ ਰੈਡੀ ਨਾਲ ਮੁਕਾਬਲਾ ਏ। ਉਪ ਰਾਸ਼ਟਰਪਤੀ ਦੀ ਚੋਣ ਸੰਸਦ ਦੇ ਦੋਵਾਂ ਸਦਨਾਂ ਦੇ ਮੈਂਬਰਾਂ ਵਾਲੇ ਇੱਕ ਚੋਣ ਮੰਡਲ ਵੱਲੋਂ ਕੀਤੀ ਜਾਂਦੀ ਏ। ਇਹ ਚੋਣ ਇੱਕ ਗੁਪਤ ਵੋਟ ਪ੍ਰਣਾਲੀ ਰਾਹੀਂ ਹੁੰਦੀ ਏ। ਚੋਣ ਮੰਡਲ ਦੇ ਮੈਂਬਰ, ਆਪਣੀ ਵਿਅਕਤੀਗਤ ਪਸੰਦ ਅਨੁਸਾਰ ਵੋਟ ਪਾ ਸਕਦੇ ਨੇ ਅਤੇ ਆਪਣੀ ਪਾਰਟੀ ਦੇ ਵ੍ਹਿਪ ਦੇ ਪਾਬੰਦ ਨਹੀਂ ਹੁੰਦੇ। ਇਸ ਸਮੇਂ, ਲੋਕ ਸਭਾ ਵਿੱਚ 542 ਮੈਂਬਰ ਤੇ ਰਾਜ ਸਭਾ ਵਿੱਚ 239 ਮੈਂਬਰ ਨੇ, ਜਿਸ ਨਾਲ ਚੋਣ ਮੰਡਲ ਦੇ ਮੈਂਬਰਾਂ ਦੀ ਕੁੱਲ ਗਿਣਤੀ 781 ਏ। ਬਹੁਮਤ ਦਾ ਅੰਕੜਾ 391 ਏ। ਵੋਟਿੰਗ ਸ਼ਾਮ 5 ਵਜੇ ਤੱਕ ਜਾਰੀ ਰਹੇਗੀ ਅਤੇ ਵੋਟਾਂ ਦੀ ਗਿਣਤੀ ਸ਼ਾਮ 6 ਵਜੇ ਤੋਂ ਬਾਅਦ ਹੋਵੇਗੀ।

---------------------------------------------------------------------------------

ਪੰਜਾਬ ਦੇ ਖਜ਼ਾਨਾ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਸੂਬੇ ਦੇ ਵਿੱਤੀ ਪ੍ਰਸ਼ਾਸਨ ਨੂੰ ਹੋਰ ਮਜ਼ਬੂਤ ਕਰਨ ਲਈ ਅੱਜ ਨਵੇਂ ਭਰਤੀ ਹੋਏ 16 ਕਲਰਕਾਂ ਨੂੰ ਨਿਯੁਕਤੀ ਪੱਤਰ ਸੌਂਪੇ। ਇਹ ਨਿਯੁਕਤੀਆਂ ਨਵ-ਗਠਿਤ 'ਡਾਇਰੈਕਟੋਰੇਟ ਆਫ ਖਜ਼ਾਨਾ ਤੇ ਲੇਖਾ ਸ਼ਾਖਾ, ਪੈਨਸ਼ਨ ਅਤੇ ਨਿਊ ਪੈਨਸ਼ਨ ਸਕੀਮ' ਲਈ ਕੀਤੀਆਂ ਗਈਆਂ ਨੇ। ਇਸ ਮੌਕੇ ਖਜ਼ਾਨਾ ਮੰਤਰੀ ਨੇ ਸਰਕਾਰੀ ਦਫਤਰਾਂ ਦੇ ਸੁਚਾਰੂ ਕੰਮਕਾਜ ਵਿੱਚ ਕਲਰਕਾਂ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਕਲਰਕ ਦਫਤਰੀ ਕੰਮਕਾਜ਼ ਦਾ ਮੁੱਢਲਾ ਅਧਾਰ ਨੇ, ਅਤੇ ਉਨਾਂ ਦੀ ਕੁਸ਼ਲਤਾ ਵਿਭਾਗ ਦੇ ਸੁਚਾਰੂ ਕੰਮਕਾਜ ਵਿੱਚ ਅਹਿਮ ਭੂਮਿਕਾ ਨਿਭਾਵੇਗੀ। ਉਨਾਂ ਨਵੇਂ ਭਰਤੀ ਹੋਏ ਕਲਰਕਾਂ ਨੂੰ ਇਮਾਨਦਾਰੀ, ਅਨੁਸ਼ਾਸਨ ਅਤੇ ਲਗਨ ਨਾਲ ਆਪਣੀ ਡਿਊਟੀ ਨਿਭਾਉਣ ਅਤੇ ਪੰਜਾਬ ਦੀ ਤਰੱਕੀ ਅਤੇ ਖੁਸ਼ਹਾਲੀ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ।

---------------------------------------------------------------------------------

17ਵਾਂ ਏਸ਼ੀਆ ਕੱਪ ਕ੍ਰਿਕਟ ਟੂਰਨਾਮੈਂਟ ਅੱਜ ਸੰਯੁਕਤ ਅਰਬ ਅਮੀਰਾਤ ਵਿੱਚ ਸ਼ੁਰੂ ਹੋ ਰਿਹਾ ਏ। ਇਸ ਟੂਰਨਾਮੈਂਟ ਦੇ ਪਹਿਲੇ ਮੈਚ ਵਿੱਚ, ਅੱਜ ਗਰੁੱਪ 'ਬੀ' 'ਚ, ਆਬੂ ਧਾਬੀ ਦੇ ਸ਼ੇਖ ਜ਼ਾਇਦ ਸਟੇਡੀਅਮ 'ਚ ਅਫਗਾਨਿਸਤਾਨ ਅਤੇ ਹਾਂਗਕਾਂਗ ਆਹਮੋ-ਸਾਹਮਣੇ ਹੋਣਗੇ। ਇਹ ਮੈਚ

ਭਾਰਤੀ ਸਮੇਂ ਅਨੁਸਾਰ ਰਾਤ 8 ਵਜੇ ਸ਼ੁਰੂ ਹੋਵੇਗਾ। ਭਾਰਤ ਆਪਣਾ ਪਹਿਲਾ ਮੈਚ ਭਲਕੇ ਗਰੁੱਪ 'ਏ' ਵਿੱਚ, ਮੇਜ਼ਬਾਨ ਸੰਯੁਕਤ ਅਰਬ ਖਿਲਾਫ ਖੇਡੇਗਾ। ਗਰੁੱਪ 'ਏ' ਵਿੱਚ ਭਾਰਤ, ਪਾਕਿਸਤਾਨ, ਸੰਯੁਕਤ ਅਰਬ ਅਮੀਰਾਤ ਅਤੇ ਓਮਾਨ ਸ਼ਾਮਲ ਨੇ, ਜਦੋਂ ਕਿ ਗਰੁੱਪ 'ਬੀ' ਵਿੱਚ ਸ੍ਰੀਲੰਕਾ, ਬੰਗਲਾਦੇਸ਼, ਅਫਗਾਨਿਸਤਾਨ ਅਤੇ ਹਾਂਗਕਾਂਗ ਸ਼ਾਮਲ ਨੇ।

---------------------------------------------------------------------------